ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ
ਡਿਪਟੀ ਕਮਿਸ਼ਨਰ ਵੱਲੋਂ ਮਿਸ਼ਨ ਫਤਿਹ ਨੂੰ ਸਫਲ ਬਣਾਉਣ ਦਾ ਸੱਦਾ
* ਕਰੋਨਾ ਵਾਇਰਸ ਤੋਂ ਬਚਾਅ ਲਈ ਜ਼ਰੂਰੀ ਇਹਤਿਆਤਾਂ ਦੀ ਕੀਤੀ ਜਾਵੇ ਪਾਲਣਾ

ਬਰਨਾਲਾ, 7 ਜੂਨ
ਪੰਜਾਬ ਸਰਕਾਰ ਵੱਲੋਂ ਕਰੋਨਾ ਵਾਇਰਸ ਵਿਰੁੱਧ 'ਮਿਸ਼ਨ ਫਤਿਹ' ਦਾ ਆਗਾਜ਼ ਕੀਤਾ ਗਿਆ ਹੈ, ਜਿਸ ਨੂੰ ਸਫਲ ਬਣਾਉਣ ਲਈ ਜ਼ਿਲ੍ਹਾ ਵਾਸੀ ਜ਼ਰੂਰੀ ਇਹਤਿਆਤਾਂ ਦੀ ਪਾਲਣਾ ਯਕੀਨੀ ਬਣਾਉਣ।

ਇਹ ਪ੍ਰਗਟਾਵਾ ਕਰਦੇ ਹੋਏ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਆਖਿਆ ਕਿ ਕਰੋਨਾ ਵਾਇਰਸ ਤੋਂ ਬਚਾਅ ਲਈ ਜ਼ਰੂਰੀ ਹੈ ਕਿ ਘਰ ਤੋਂ ਬਾਹਰ ਨਿਕਲਦੇ ਸਮੇਂ ਮਾਸਕ ਪਾਇਆ ਜਾਵੇ। ਇਸ ਤੋਂ ਇਲਾਵਾ ਵਾਰ ਵਾਰ ਆਪਣੇ ਹੱਥ ਸਾਬਣ ਨਾਲ ਧੋਤੇ ਜਾਣ ਜਾਂ ਸੈਨੇਟਾਈਜ਼ ਕੀਤੇ ਜਾਣ। ਜਨਤਕ ਥਾਵਾਂ ’ਤੇ ਘੱਟੋ ਘੱਟ 6 ਫੁੱਟ ਦੀ ਸਮਾਜਿਕ ਦੂਰੀ ਯਕੀਨੀ ਬਣਾਈ ਜਾਵੇ।

ਉਨ੍ਹਾਂ ਆਖਿਆ ਕਿ ਦੁਕਾਨਦਾਰ ਵੀ ਦੁਕਾਨਾਂ ’ਤੇ ਸਿਹਤ ਵਿਭਾਗ ਦੇ ਨਿਰਦੇਸ਼ਾਂ ਦੀ ਪਾਲਣਾ ਯਕੀਨੀ ਬਣਾਉਣ ਅਤੇ ਦੁਕਾਨਾਂ ’ਤੇ ਸਾਫ-ਸਫਾਈ ਦਾ ਖਾਸ ਖਿਆਲ ਰੱਖਿਆ ਜਾਵੇ। ਉਨ੍ਹਾਂ ਆਖਿਆ ਕਿ ਕਰੋਨਾ ਸੰਕਟ ਦੀ ਇਸ ਘੜੀ ਵਿਚ ਹਰ ਵਿਅਕਤੀ ਦਾ ਮੁਢਲਾ ਫਰਜ਼ ਬਣਦਾ ਹੈ ਕਿ ਉਹ ਮੁਢਲੇ ਇਹਤਿਆਤਾਂ ਨੂੰ ਆਪਣੀ ਰੋਜ਼ਮਰ੍ਹਾ ਦੀ ਜੀਵਨਸ਼ੈਲੀ ਦਾ ਹਿੱਸਾ ਬਣਾਵੇ।

ਜੇਕਰ ਕੋਈ ਵਿਅਕਤੀ ਬਾਹਰੋਂ ਆਉਂਦਾ ਹੈ ਤਾਂ ਉਹ ਆਪਣੀ ਜਾਣਕਾਰੀ ਜ਼ਿਲ੍ਹਾ ਪ੍ਰਸ਼ਾਸਨ ਜਾਂ ਸਿਹਤ ਵਿਭਾਗ ਨੂੰ ਦੇਵੇ। ਇਸ ਤੋਂ ਇਲਾਵਾ ਆਪਣੇ ਮੋਬਾਈਲ ਫੋਨਾਂ ਵਿਚ ਕੋਵਾ ਐਪ ਡਾਊਨਲੋਡ ਕੀਤੀ ਜਾਵੇ ਅਤੇ ਹੋਰ ਸੂਬੇ ਜਾਂ ਜ਼ਿਲ੍ਹੇ ਵਿਚ ਆਉਣ-ਜਾਣ ਲਈ ਸੈਲਫ ਜਨੇਰੇਟਰਡ ਪਾਸ ਜਨਰੇਟ ਕੀਤਾ ਜਾਵੇ।
ਡਿਪਟੀ ਕਮਿਸ਼ਨਰ ਨੇ ਆਖਿਆ ਕਿ ਉਪਰੋਕਤ ਸਾਵਧਾਨੀਆਂ ’ਤੇ ਗੌਰ ਕੀਤੀ ਜਾਵੇ ਤਾਂ ਯਕੀਨਨ ਕਰੋਨਾ ਵਾਇਰਸ ਵਿਰੁੱਧ ਜੰਗ ਜਿੱਤੀ ਜਾ ਸਕੇਗੀ।